# ਪ੍ਰਾਰਥਨਾ ਦਾ ਵਿਸ਼ਵਵਿਆਪੀ ਉਤਸਵ—2024

**ਉਸਤਤ ਕਰਨਾ**-ਪਰਮੇਸ਼ੁਰ ਮਹਾਨ ਹੈ: ਮੁੱਖ, ਸਭਨਾਂ ਤੋਂ ਉੱਚਾ, ਚਰਿੱਤਰ ਅਤੇ ਗੁਣਾਂ ਵਿੱਚ ਸਪੱਸ਼ਟ ਤੌਰ 'ਤੇ ਉੱਤਮ; ਵਿਸ਼ਾਲ, ਅੱਤ ਉੱਚਾ, ਸ਼ਕਤੀ, ਪ੍ਰਤਾਪ, ਮਾਪ ਵਿੱਚ ਮਹਿਮਾ ਨਾਲ ਭਰਿਆ ਹੋਇਆ।।

ਹੇ ਯਹੋਵਾਹ, ਵਡਿਆਈ ਅਤੇ ਸ਼ਕਤੀ ਅਤੇ ਪ੍ਰਤਾਪ ਅਤੇ ਫਤਹ ਅਤੇ ਮਹਿਮਾ ਤੇਰੀ ਹੀ ਹੈ ਕਿਉਂ ਜੋ ਸੱਭੋ ਕੁਝ ਜਿਹੜਾ ਅਕਾਸ਼ ਅਤੇ ਧਰਤੀ ਦੇ ਵਿੱਚ ਹੈ ਤੇਰਾ ਹੀ ਹੈ। ਹੇ ਯਹੋਵਾਹ, ਰਾਜ ਤੇਰਾ ਹੀ ਹੈ, ਤੂੰ ਸਭਨਾਂ ਦੇ ਸਿਰ ਉੱਤੇ ਅੱਤ ਉੱਚੇ ਤੋਂ ਉੱਚਾ ਹੈਂ।। 1 ਇਤਹਾਸ 29:11

ਕਿ ਹੇ ਪ੍ਰਭੁ ਯਹੋਵਾਹ, ਤੂੰ ਆਪਣੇ ਦਾਸ ਉੱਤੇ ਆਪਣੀ ਵਡਿਆਈ ਅਰ ਆਪਣੀ ਸ਼ਕਤੀ ਦਾ ਹੱਥ ਪਰਗਟ ਕਰਨ ਲੱਗਾ ਹੈਂ ਕਿਉਂ ਜੋ ਅਕਾਸ਼ ਵਿੱਚ ਅਤੇ ਧਰਤੀ ਉੱਤੇ ਕਿਹੜਾ ਦੇਵ ਹੈ ਜਿਹੜਾ ਤੇਰੇ ਜੇਹੇ ਕਾਰਜ ਅਤੇ ਤੇਰੇ ਜੇਹੇ ਸ਼ਕਤੀ ਵਾਲੇ ਕੰਮ ਕਰ ਸਕੇ? ਬਿਵਸਥਾਸਾਰ 3:24

ਯਹੋਵਾਹ ਮਹਾਨ ਹੈ, ਅਤੇ ਅੱਤ ਉਸਤਤ ਜੋਗ ਹੈ, ਅਤੇ ਉਹ ਦੀ ਮਹਾਨਤਾ ਅਗੰਮ ਹੈ।। ਜ਼ਬੂਰ 145:3

ਕਿ ਤੁਹਾਡੇ ਦਿਲ ਦੀਆਂ ਅੱਖਾਂ ਨੂੰ ਚਾਨਣ ਹੋਵੇ ਤਾਂ ਜੋ ਤੁਸੀਂ ਜਾਣ ਲਵੋ ਭਈ ਉਹ ਦੇ ਸੱਦੇ ਤੋਂ ਕੀ ਆਸ ਹੁੰਦੀ ਹੈ ਅਤੇ ਸੰਤਾਂ ਵਿੱਚ ਉਹ ਦੇ ਤੇਜਵਾਨ ਅਧਕਾਰ ਦਾ ਧਨ ਕੀ ਹੈ ਅਤੇ ਅਸਾਂ ਨਿਹਚਾਵਾਨਾਂ ਵੱਲ ਉਹ ਦੀ ਸਮਰੱਥਾ ਦਾ ਅਤਯੰਤ ਵੱਡਾਪਣ ਉਹ ਦੀ ਵੱਡੀ ਸ਼ਕਤੀ ਦੇ ਅਮਲ ਅਨੁਸਾਰ ਕੀ ਹੈ ਜਿਹੜਾ ਉਹ ਨੇ ਮਸੀਹ ਵਿੱਚ ਕੀਤਾ ਜਦ ਉਸ ਨੇ ਮੁਰਦਿਆਂ ਵਿੱਚੋਂ ਜਿਵਾਲਿਆ ਅਤੇ ਸੁਰਗੀ ਥਾਵਾਂ ਵਿੱਚ ਆਪਣੇ ਸੱਜੇ ਹੱਥ ਬਹਾਲਿਆ।। ਅਫ਼ਸਿਆਂ 1:18-20

**ਇਕਰਾਰ ਕਰਨਾ**—ਹੇ ਪਰਮੇਸ਼ੁਰ, ਆਪਣੀ ਕਿਰਪਾ ਦੇ ਅਨੁਸਾਰ ਮੇਰੇ ਉੱਤੇ ਦਯਾ ਕਰ, ਆਪਣੀਆਂ ਰਹਮਤਾਂ ਦੀ ਰੇਲ ਪੇਲ ਅਨੁਸਾਰ ਮੇਰੇ ਅਪਰਾਧ ਮਿਟਾ ਦੇਹ! ਜ਼ਬੂਰ 51:1

**ਧੰਨਵਾਦ ਦੇਣਾ**—ਆਪਣੇ ਬਚਨ ਦੇ ਲਈ ਅਤੇ ਆਪਣੇ ਮਨ ਦੇ ਅਨੁਸਾਰ ਏਹ ਸਾਰੇ ਵੱਡੇ ਕੰਮ ਆਪਣੇ ਦਾਸ ਨੂੰ ਜਣਾਉਣ ਲਈ ਤੈਂ ਕੀਤੇ ਸੋ ਤੂੰ ਹੇ ਯਹੋਵਾਹ ਪਰਮੇਸ਼ੁਰ, ਵੱਡਾ ਹੈਂ ਕਿਉਂ ਜੋ ਕੋਈ ਤੇਰੇ ਸਮਾਨ ਨਹੀਂ ਅਤੇ ਜਿੱਥੋਂ ਤੋੜੀ ਅਸੀਂ ਆਪਣੀ ਕੰਨੀਂ ਸੁਣਿਆ ਹੈ ਤੈਥੋਂ ਬਾਝ ਹੋਰ ਕੋਈ ਪਰਮੇਸ਼ੁਰ ਨਹੀਂ।। 2 ਸਮੂਏਲ 7:21-22

## ਵਿਚੋਲਗੀ ਕਰਨਾ:

### ਆਪਣੇ ਬੱਚਿਆਂ ਲਈ

ਜਿਸ ਦਿਨ ਮੈਂ _____ ਤੈਨੂੰ ਪੁਕਾਰਿਆ ਤੈਂ ਮੈਨੂੰ ਉੱਤਰ ਦਿੱਤਾ, ਤੈਂ _____ ਦੀ ਜਾਨ ਨੂੰ ਬਲ ਦੇ ਕੇ ਮੈਨੂੰ ਦਿਲੇਰ ਬਣਾਇਆ। ਤਾਂ ਮੈਂ ਆਖਿਆ, ਕਿ ਮੇਰੀ ਜਾਨ ਪ੍ਰਭੂ ਦੀ ਵਡਿਆਈ ਕਰਦੀ ਹੈ! ਮੈਂ _____ ਓਹਨਾਂ ਨੂੰ ਆਉਣ ਵਾਲੀ ਕੌਮ ਤੋਂ ਨਾ ਲੁਕਾਵਾਂਗਾਂ, ਸਗੋਂ ਆਉਣ ਵਾਲੀ ਪੀੜ੍ਹੀ ਨੂੰ **ਯਹੋਵਾਹ** ਦੀ ਉਸਤਤ, ਅਤੇ ਉਸ ਦੀ ਸ਼ਕਤੀ ਅਤੇ ਅਚਰਜ ਕੰਮ ਜੋ ਉਸ ਨੇ ਕੀਤੇ ਦੱਸਾਂਗਾਂ।। (ਜ਼ਬੂਰ 138:3, ਲੂਕਾ 1:46, ਜ਼ਬੂਰ 78:4ਅ ਤੇ ਅਧਾਰਿਤ)

ਗੁਆਚਿਆਂ ਲਈ

ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੁ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਹਿਰਦੇ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਤਾਂ ਤੂੰ ਬਚਾਇਆ ਜਾਵੇਂਗਾ।। ਰੋਮੀਆਂ 10:9

ਵਿਦਿਆਰਥਿਆਂ ਲਈ

ਤਾਂ ਵੀ ਉਹ ਨੇ ਆਪਣੇ ਨਾਮ ਦੇ ਕਾਰਨ ਉਨ੍ਹਾਂ ਨੂੰ ਬਚਾਇਆ, ਭਈ ਉਹ ਆਪਣੀ ਸ਼ਕਤੀ ਵਿਖਾਵੇ।। ਜ਼ਬੂਰ 106:8

ਸਿੱਖਿਅਕਾਂ ਲਈ

ਅਰ ਧਨ, ਮਾਯਾ, ਨਾਲੇ ਪਤ ਤੇਰੀ ਵੱਲੋਂ ਹੀ ਆਉਂਦੀਆਂ ਹਨ ਅਰ ਤੂੰ ਸਭਨਾਂ ਦੇ ਸਿਰ ਉੱਤੇ ਰਾਜ ਕਰਦਾ ਹੈਂ, ਅਤੇ ਤੇਰੇ ਹੱਥ ਵਿੱਚ ਸ਼ਕਤੀ ਅਤੇ ਬਲ ਹਨ, ਅਰ ਤੇਰੇ ਅਧੀਨ ਹੈ ਜੋ ਵਡਿਆਈ ਅਤੇ ਬਲ ਸਭਨਾਂ ਨੂੰ ਬਖ਼ਸ਼ੇਂ ।। 1 ਇਤਹਾਸ 29:12

ਸਕੂਲਾਂ ਲਈ

ਅਤੇ ਆਪਣੀ ਮਹਿਮਾ ਅਤੇ ਆਪਣੀ ਪਵਿੱਤ੍ਰਤਾ ਕਰਾਵਾਂਗਾ ਅਤੇ ਬਹੁਤ ਸਾਰੀਆਂ ਕੌਮਾਂ ਦੀਆਂ ਨਜ਼ਰਾਂ ਵਿੱਚ ਜਾਣਿਆ ਜਾਵਾਂਗਾ ਅਤੇ ਓਹ ਜਾਣਨਗੇ ਕਿ ਮੈਂ ਯਹੋਵਾਹ ਹਾਂ!।। ਹਿਜ਼ਕੀਏਲ 38:23

ਪ੍ਰਾਰਥਨਾ ਵਿਚ ਮਾਵਾਂ

ਯਹੋਵਾਹ ਸਭਨਾਂ ਦੇ ਲਈ ਭਲਾ ਹੈ, ਅਤੇ ਉਹ ਦੀਆਂ ਰਹਮਤਾਂ ਉਹ ਦੇ ਸਾਰੇ ਕੰਮਾਂ ਉੱਤੇ ਹਨ। ਹੇ ਯਹੋਵਾਹ, ਤੇਰੇ ਸਾਰੇ ਕੰਮ ਤੇਰਾ ਧੰਨਵਾਦ ਕਰਨਗੇ, ਅਤੇ ਤੇਰੇ ਸੰਤ ਤੈਨੂੰ ਮੁਬਾਰਕ ਆਖਣਗੇ। ਓਹ ਤੇਰੀ ਪਾਤਸ਼ਾਹੀ ਦੇ ਪਰਤਾਪ ਦਾ ਚਰਚਾ ਕਰਨਗੇ, ਅਤੇ ਤੇਰੀ ਕੁਦਰਤ ਦੀਆਂ ਗੱਲਾਂ ਕਰਨਗੇ, ਭਈ ਓਹ ਆਦਮੀ ਦੇ ਵੰਸ ਉੱਤੇ ਤੇਰੀਆਂ ਕੁਦਰਤਾਂ ਨੂੰ ਪਰਗਟ ਕਰਨ, ਨਾਲੇ ਉਸ ਦੀ ਪਾਤਸ਼ਾਹੀ ਦੇ ਤੇਜਵਾਨ ਪਰਤਾਪ ਨੂੰ।। ਜ਼ਬੂਰ 145:9-12

Moms in Prayer INTERNATIONAL TM
ਪ੍ਰਾਰਥਨਾ ਵਿੱਚ ਮਾਵਾਂ ਇੰਟਰਨੈਸ਼ਨਲ